**ਪ੍ਰੈਸ ਨੋਟ-1**

**1/25964/2020**

ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

-ਕੋਵਿਡ-19-

ਬਾਹਰੀ ਰਾਜਾਂ ਨੂੰ ਜਾਣ ਵਾਲੇ ਪ੍ਰਵਾਸੀਆ ਨੂੰ ਕੋਈ ਦਿੱਕਤ ਨਹੀ ਆਉਣ ਦਿੱਤੀ ਜਾਵੇਗੀ-ਡਿਪਟੀ ਕਮਿਸ਼ਨਰ

*ਰਾਜ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਦਾ ਪਾਲਣਾ ਕਰਨਾ ਹਰੇਕ ਨਾਗਰਿਕ ਦਾ ਮੁੱਢਲਾ ਫਰਜ਼-ਸੰਧੂ

*ਜ਼ਿਲ੍ਹਾ ਵਾਸੀਆਂ ਨੂੰ ਸਾਮਾਜਿਕ ਦੂਰੀ ਬਣਾ ਕੇ ਰੱਖਣ ਦੀ ਅਪੀਲ

ਫਾਜ਼ਿਲਕਾ, 19 ਮਈ:

ਜ਼ਿਲ੍ਹਾ ਫਾਜ਼ਿਲਕਾ ਤੋਂ ਵੱਖ-ਵੱਖ ਰਾਜਾਂ ਨੂੰ ਜਾਣ ਵਾਲੇ ਪ੍ਰਵਾਸੀਆ ਨੂੰ ਕੋਈ ਦਿੱਕਤ ਨਹੀ ਆਉਣ ਦਿੱਤੀ ਜਾਵੇਗੀ। ਰਾਜ ਸਰਕਾਰ ਦੇ ਹੁਕਮਾਂ ਨੂੰ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਇੰਨ-ਬਿੰਨ ਲਾਗੂ ਕੀਤਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਪ੍ਰਬੰਧਕੀ ਕੰਪਲੈਕਸ਼ ਦੇ ਬਾਹਰ ਲੋਕਾਂ ਮਸਲਿਆਂ ਦੇ ਹਲ ਲਈ ਸ਼ੁਰੂ ਕੀਤੀ ਮੁਹਿੰਮ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਕੋਵਿਡ 19 ਦੇ ਸੰਕਟ ’ਚ ਜ਼ਿਲ੍ਹਾ ਵਾਸੀਆਂ ਦੀ ਸੁਵਿਧਾ ਨੂੰ ਮੁੱਖ ਰੱਖ ਕੇ ਵੱਖ-ਵੱਖ ਵਿਭਾਗੀ ਅਧਿਕਾਰੀਆਂ ਦੀ ਹਾਜ਼ਰੀ ’ਚ ਪ੍ਰਸ਼ਾਸਨਿਕ ਕੰਮਾਂ ਨੂੰ ਸੁਖਾਵੇਂ ਮਾਹੌਲ ’ਚ ਨੇਪਰੇ ਚੜਾਇਆ ਜਾ ਰਿਹਾ ਹੈ।

ਸ .ਸੰਧੂ ਨੇ ਕਿਹਾ ਕਿ ਹਰੇਕ ਜ਼ਿਲ੍ਹਾ ਵਾਸੀ ਪ੍ਰਸ਼ਾਸਨਿਕ ਕੰਮਾਂ ਲਈ ਦਫ਼ਤਰੀ ਕੰਮ ਕਾਜ਼ ਵਾਲੇ ਦਿਨ ਪਹੰੁਚ ਕਰ ਸਕਦਾ ਹੈ। ਊਨ੍ਹਾਂ ਲੋਕਾਂ ਨੂੰ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਬਚਾਅ ਲਈ ਸਾਮਾਜਿਕ ਦੂਰੀ ਬਰਕਰਾਰ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਅਤੇ ਰਾਜ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਦਾ ਪਾਲਣਾ ਕਰਨਾ ਹਰੇਕ ਨਾਗਰਿਕ ਦਾ ਮੁੱਢਲਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਬਾਜ਼ਾਰਾਂ, ਗਲੀਆਂ, ਮੁਹੱਲਿਆਂ ਅੰਦਰ ਭੀੜ ਕਰਨ ਤੋਂ ਗੁਰੇਜ਼ ਕੀਤਾ ਜਾਵੇ ਅਤੇ ਬਿਨ੍ਹਾਂ ਕੰਮ ਘਰ ਤੋਂ ਨਾ ਨਿਕਲਿਆ ਜਾਵੇ। ਪ੍ਰਬੰਧਕੀ ਕੰਪਲੈਕਸ਼ ਦੇ ਬਾਹਰ ਵੱਖ ਵੱਖ ਪ੍ਰਸ਼ਾਸਨਿਕ ਕੰਮਾਂ ਲਈ ਆਏ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਉਪਰਾਲੇ ਦੀ ਖ਼ੂਬ ਸ਼ਲਾਘਾ ਕੀਤੀ। ਬਾਹਰੀ ਰਾਜਾਂ ਨੰੂ ਜਾਣ ਵਾਲੇ ਪ੍ਰਵਾਸੀਆਂ ਨੇ ਪਾਸ ਸੁਵਿਧਾ ਲਈ ਕਾਊਂਟਰ ਸਿਸਟਮ ਰਾਹੀ ਕੀਤੇ ਜਾਣ ਵਾਲੇ ਕੰਮ ਦੀ ਜਿੱਥੇ ਪ੍ਰਸੰਸਾ ਕੀਤੀ ਅਤੇ ਪੰਜਾਬ  ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ .ਆਰ.ਪੀ. ਸਿੰਘ, ਐਸ.ਡੀ.ਐਮ. ਫਾਜ਼ਿਲਕਾ ਸੁਭਾਸ਼ ਖੱਟਕ, ਡੀ.ਐਫ.ਐਸ.ਈ ਰਾਜਰਿਸ਼ੀ ਮਹਿਰਾ, ਜ਼ਿਲ੍ਹਾ ਮੰਡੀ ਅਫਸਰ ਸਵਰਨ ਸਿੰਘ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

**1/25978/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਕੋਵਿਡ-19 ਦੀ ਮਹਾਂਮਾਰੀ ਤੋਂ ਉਭਰਨ ਲਈ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ 140.40 ਲੱਖ ਦੀ ਸਬਸਿਡੀ ਜਾਰੀ- ਮੋਹਨ ਲਾਲ ਸੂਦ

*ਪੰਜਾਬ ਅਨੁਸੂਚਿਤ ਜਾਤੀਆਂ ਭੋਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀ ਪਹਿਲ ਕਦਮੀ

*ਲਾਕਡਾਊਨ ਕਾਰਨ ਫਸੀ ਕਰਜ਼ਿਆਂ ਦੀ ਰਹਿੰਦੀ ਰਕਮ 323.91 ਲੱਖ

ਵੰਡਣ ਦੀ ਕਾਰਵਾਈ ਆਰੰਭ

ਫਾਜ਼ਿਲਕਾ, 19 ਮਈ:

ਪੰਜਾਬ ਅਨੁਸੂਚਿਤ ਜਾਤੀਆਂ ਭੋਂ ਵਿਕਾਸ ਅਤੇ ਵਿੱਤ ਕਾਰਪੋਰੇਸਨ ਨੇ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ ਕੋਵਿਡ-19 ਦੀ ਮਹਾਂਮਾਰੀ ਤੋਂ ਉਭਾਰਨ ਲਈ 140.40 ਲੱਖ ਦੀ ਸਬਸਿਡੀ ਜਾਰੀ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆ ਕਾਰਪੋਰੇਸ਼ਨ ਦੇ ਚੇਅਰਮੈਨ ਇੰਜ: ਮੋਹਨ ਲਾਲ ਸੂਦ ਨੇ ਦੱਸਿਆ ਗਿਆ ਕਿ ਕੋਰੋਨਾ ਵਾਈਰਸ ਦੀ ਮਹਾਂਮਾਰੀ ਦੌਰਾਨ ਸਾਰੇ ਸੰਸਾਰ ਵਿਚ ਆਰਥਿਕ ਤੌਰ ਤੇ ਬਹੁਤ ਹੀ ਨਕਾਰਤਮਕ ਪ੍ਰਭਾਵ ਪਿਆ ਹੈ। ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਪ੍ਰਾਪਤ ਦਿਸਾ ਨਿਰਦੇਸਾਂ ’ਤੇ ਕਾਰਵਾਈ ਕਰਦਿਆ ਅਨੁਸੂਚਿਤ ਜਾਤੀਆਂ ਦੇ ਗਰੀਬ ਪਰਿਵਾਰਾਂ ਨੂੰ ਆਪਣਾ ਰੁਜਗਾਰ ਸਥਾਪਤ ਕਰਨ ਲਈ ਬੈਂਕ ਟਾਈ ਅਪ ਸਕੀਮ ਤਹਿਤ 1404 ਲਾਭਪਾਤਰੀਆਂ ਨੂੰ 140.40 ਲੱਖ ਰੁਪਏ ਦੀ ਸਬਸਿਡੀ ਜਾਰੀ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਜਿਲਾ ਮੈਨੇਜਰਾਂ ਨੂੰ ਇਹ ਸਬਸਿਡੀ ਸਬੰਧਤ ਲਾਭਪਾਤਰੀਆਂ ਦੇ ਖਾਤੇ ਵਿਚ ਪਾਉਣ ਲਈ ਨਿਰਦੇਸ ਜਾਰੀ ਕੀਤੇ ਗਏ ਹਨ। ਇਨਾਂ ਲਾਭਪਾਤਰੀਆਂ ਨੂੰ ਆਉਣ ਵਾਲੇ ਕੁਝ ਦਿਨਾਂ ਵਿਚ ਆਪੋ ਆਪਣਾ ਕਾਰੋਬਾਰ ਸੁਰੂ ਕਰਨ ਲਈ ਲਗਭਗ ਅੱਠ ਤੋਂ ਨੌਂ ਕਰੋੜ ਰੁਪਏ ਦਾ ਕਰਜਾ ਬੈਂਕਾਂ ਦੁਆਰਾ ਪ੍ਰਾਪਤ ਹੋ ਜਾਵੇਗਾ। ਸ੍ਰੀ ਸੂਦ ਨੇ ਸਰਕਾਰ ਦੀ ਇਸ ਪਹਿਲ ਕਦਮੀ ਨੂੰ ਮਹਾਂਮਾਰੀ ਦੇ ਇਸ ਭਿਆਨਕ ਸਮੇਂ ਵਿੱਚ ਇੱਕ ਬਹੁਤ ਵੱਡੀ ਰਾਹਤ ਦੇਣ ਵਾਲੀ ਕਾਰਵਾਈ ਦੱਸਿਆ ਹੈ।

ਇੰਜ: ਮੋਹਨ ਲਾਲ ਸੂਦ ਨੇ ਇਹ ਵੀ ਦੱਸਿਆ ਕਿ ਇਸ ਤੋਂ ਇਲਾਵਾ ਕਾਰਪੋਰੇਸਨ ਵਲੋਂ ਆਪਣੀਆਂ ਹੋਰ ਸਕੀਮਾਂ ਅਧੀਨ ਵੀ ਸਾਲ 2019-20 ਦੌਰਾਨ 1235.24 ਲੱਖ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਗਏ ਸਨ ਜਿਨਾਂ ਵਿਚੋਂ 911.33 ਲੱਖ ਰੁਪਏ ਦੇ ਕਰਜ਼ੇ ਸਬੰਧਤ ਲਾਭਪਾਤਰੀਆਂ ਨੂੰ ਵੰਡੇ ਜਾ ਚੁੱਕੇ ਸਨ। ਉਨ੍ਹਾਂ ਕਿਹਾ ਕਿ ਮਾਰਚ ਮਹੀਨੇ ਵਿੱਚ ਕੋਰੋਨਾ ਵਾਇਰਸ ਦੇ ਕਾਰਨ ਲੱਗੇ ਲਾਕਡਾਊਨ ਤੇ ਕਰਫ਼ਿਊ ਕਾਰਨ ਜਿਹੜੇ ਕਰਜ਼ੇ ਵੰਡਣ ਤੋਂ ਰਹਿ ਗਏ ਸਨ ਹੁਣ ਜਲਦੀ ਵੰਡੇ ਜਾਣਗੇ । ਉਨ੍ਹਾ ਕਿਹਾ ਕਿ ਕਾਰਪੋਰੇਸਨ ਵਲੋਂ ਜਲਦੀ ਹੀ ਬਾਕੀ ਰਹਿੰਦੇ 323.91 ਲੱਖ ਰੁਪਏ ਦੇ ਕਰਜ਼ਿਆਂ ਦੀ ਅਦਾਇਗੀ ਕਰਨ ਦੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਚੇਅਰਮੈਨ ਵਲੋਂ ਕਾਰਪੋਰੇਸਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦੀ ਭਾਵਨਾ ਦੀ ਵੀ ਸ਼ਲਾਘਾ ਕੀਤੀ ਗਈ ਜਿਸ ਕਾਰਨ ਕੋਰੋਨਾ ਦੀ ਮਹਾਂਮਾਰੀ ਦੇ ਦੌਰਾਨ ਵੀ ਕਾਰਪੋਰੇਸਨ ਦੇ ਸਮੁੱਚੇ ਸਟਾਫ ਵਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੀਮਾਰੀ ਤੋਂ ਇਹਤਿਆਤ ਵਰਤਦੇ ਹੋਏ ਔਖੇ ਸਮੇਂ ਵਿਚ ਵੀ ਕੋਰੋਨਾ ਯੋਧਿਆਂ ਵਾਂਗ ਕੰਮ ਕੀਤਾ ਤੇ ਆਪਣੀ ਇੱਕ ਦਿਨ ਦੀ ਤਨਖਾਹ ਵੀ ਮੁੱਖ ਮੰਤਰੀ ਫੰਡ ਵਿੱਚ ਪਾਈ।

**1/26002/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਨਗਰ ਕੋਸ਼ਲ ਫਾਜ਼ਿਲਕਾ ਵੱਲੋਂ ਕੰਮਪੋਸਟ ਪਿਟਾਂ ਰਾਹੀ ਗਿੱਲੇ ਕੂੜੇ ਅਤੇ ਰਸੋਈ ਦੇ ਵੇਸਟ

ਮਟੀਰੀਅਲ ਤੋਂ ਜੈਵਿਕ ਖਾਦ ਤਿਆਰ ਕੀਤੀ-ਰਜ਼ਨੀਸ਼ ਕੁਮਾਰ

* ਘਰਾਂ ਅੰਦਰ ਗਮਲਿਆਂ, ਘਰੇਲੂ ਬਗੀਚੀ ਆਦਿ ਲਈ ਲਾਭਕਾਰੀ ਜੈਵਿਕ ਖਾਦ-ਨਰੇਸ਼ ਖੇੜਾ

*ਸ਼ਹਿਰਵਾਸੀ ਨਗਰ ਕੋਸ਼ਲ ਫਾਜ਼ਿਲਕਾ ਤੋਂ ਖਰੀਦ ਸਕਦੇ ਹਨ ਜੈਵਿਕ ਖਾਦ

ਫਾਜ਼ਿਲਕਾ, 19 ਮਈ

ਨਗਰ ਕੌਸਲ ਫ਼ਾਜਿਲਕਾ ਵੱਲੋਂ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ਤੇ ਬਣਾਈਆਂ ਗਈਆਂ ਕੰਮਪੋਸਟ ਪਿਟਾਂ ਰਾਹੀ ਗਿੱਲੇ ਕੂੜੇ ਜਿਵੇਂ ਸ਼ਬਜੀਆਂ ਦੇ ਛਿਲਕੇ, ਫਰੂਟ ਦੇ ਛਿਲਕੇ, ਚਾਹਪੱਤੀ, ਬਚੀਆਂ ਹੋਈਆਂ ਦਾਲਾਂ ਸ਼ਬਜੀਆਂ ਤੋਂ ਜੈਵਿਕ ਖਾਦ ਤਿਆਰ ਕੀਤੀ ਗਈ। ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਕਾਰਜ਼ ਸਾਧਕ ਅਫ਼ਸਰ ਫਾਜ਼ਿਲਕਾ ਸ੍ਰੀ ਰਜ਼ਨੀਸ ਕੁਮਾਰ ਨੇ ਦੱਸਿਆ ਕਿ ਵੇਸਟ ਮਟੀਰੀਅਲ ਤੋਂ ਤਿਆਰ ਕੀਤੀ ਜੈਵਿਕ ਖਾਦ ਨੂੰ ਨਗਰ ਕੋਸ਼ਲ ਦਫ਼ਤਰ ਫਾਜ਼ਿਲਕਾ ਵਿਖੇ ਸਪੈਸ਼ਲ ਸਟਾਲ ਲਗਾ ਕੇ ਵੇਚਿਆ ਗਿਆ। ਉਨ੍ਹਾਂ ਦੱਸਿਆ ਕਿ ਨਗਰ ਕੋਸ਼ਲ ਨੂੰ ਜੈਵਿਕ ਖਾਦ ਦੀ ਵਿਕਰੀ ਤੋਂ ਮੌਕੇ ਤੇ ਲਗਭਗ 1000 ਹਜ਼ਾਰ ਦੀ ਆਮਦਨ ਹੋਈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਕੂੜਾ ਇਕੱਤਰ ਕਰਨ ਆਏ ਕਰਮਚਾਰੀਆਂ ਨੂੰ ਗਿੱਲਾ ਸੁੱਕਾ ਕੂੜਾ, ਵੇਸਟ ਮਟੀਰੀਅਲ ਆਦਿ ਅਲਗ ਕਰਕੇ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਵੇਸਟ ਮਟੀਰੀਅਲ ਨੂੰ ਕੰਮਪੋਸਟ ਕਰਕੇ ਖਾਦ ਤਿਆਰ ਕੀਤੀ ਜਾ ਸਕੇ।

ਇਸ ਮੌਕੇ ਸੈਨਟਰੀ ਇੰਸਪੈਕਟਰ ਨਰੇਸ਼ ਖੇੜਾ ਨੇ ਦੱਸਿਆ ਕਿ ਸ਼ਹਿਰ ਵਾਸੀ ਆਪਣੇ ਘਰਾਂ ਅੰਦਰ ਗਮਲਿਆਂ, ਘਰੇਲੂ ਬਗੀਚੀ, ਬਗੀਚੇ ਦੀ ਕਿਆਰੀਆਂ ਅਤੇ ਬੂਟਿਆਂ ਲਈ ਨਗਰ ਕੋਸ਼ਲ ਦਫ਼ਤਰ ਫਾਜ਼ਿਲਕਾ ਤੋਂ ਜੈਵਿਕ ਖਾਦ ਦੀ ਖਰੀਦ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜੈਵਿਕ ਖਾਦ ਨੂੰ ਮੁਹੱਈਆ ਕਰਵਾਉਣ ਵੇਲੇ ਕੋਵਿਡ 19 ਦੇ ਮੱਦੇਨਜ਼ਰ ਹੱਥ ਨੂੰ ਸੈਨੀਟਾਈਜ਼ਰ ਕਰਨ ਅਤੇ ਸੋਸ਼ਲ ਡਿਸਟੈਸਿੰਗ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਇਸ ਮੌਕੇ ਮੋਟਿਵੇਟਰਸ ਰਾਜ ਕੁਮਾਰੀ ਅਤੇ ਸੰਤੋਸ਼ ਰਾਣੀ ਅਤੇ ਸੁਪਰਵਾਈਜਰ ਨਟਵਰ ਲਾਲ ਮੋਜੂਦ ਸਨ।

ਤਸਵੀਰਾਂ 1 ਤੋਂ 2

ਕੰਮਪੋਸਟ ਪਿਟਾਂ ਰਾਹੀ ਗਿੱਲੇ ਕੂੜੇ ਅਤੇ ਰਸੋਈ ਦੇ ਵੇਸਟ ਮਟੀਰੀਅਲ ਤੋਂ ਤਿਆਰ ਕੀਤੀ ਜੈਵਿਕ ਖਾਦ ਸ਼ਹਿਰ ਵਾਸੀ ਖਰੀਦ ਕਰਦੇ ਹੋਏ

ਸ਼ਹਿਰ ਵਾਸੀਆਂ ਨੂੰ ਜੈਵਿਕ ਖਾਦ ਮੁਹੱਈਆ ਕਰਵਾਉਂਦੇ ਹੋਏ ਨਗਰ ਕੌਂਸਲ ਫ਼ਾਜ਼ਿਲਕਾ ਦੇ ਸੈਨੇਟਰੀ ਇੰਸਪੈਕਟਰ ਨਰੇਸ਼ ਖੇੜਾ